ਕਾਨੜਾ ਮਹਲਾ ੪ ॥ ਸਤਿਗੁਰ ਚਾਟਉ ਪਗ ਚਾਟ ॥ ਜਿਤੁ ਮਿਲਿ ਹਰਿ ਪਾਧਰ ਬਾਟ ॥ ਭਜੁ ਹਰਿ ਰਸੁ ਰਸ ਹਰਿ ਗਾਟ ॥ ਹਰਿ ਹੋ ਹੋ ਲਿਖੇ ਲਿਲਾਟ ॥੧॥ ਰਹਾਉ ॥ ਖਟ ਕਰਮ ਕਿਰਿਆ ਕਰਿ ਬਹੁ ਬਹੁ ਬਿਸਥਾਰ ਸਿਧ ਸਾਧਿਕ ਜੋਗੀਆ ਕਰਿ ਜਟ ਜਟਾ ਜਟ ਜਾਟ ॥ ਕਰਿ ਭੇਖ ਨ ਪਾਈਐ ਹਰਿ ਬ੍ਰਹਮ ਜੋਗੁ ਹਰਿ ਪਾਈਐ ਸਤਸੰਗਤੀ ਉਪਦੇਸਿ ਗੁਰੂ ਗੁਰ ਸੰਤ ਜਨਾ ਖੋਲਿ ਖੋਲਿ ਕਪਾਟ ॥੧॥ ਤੂ ਅਪਰੰਪਰੁ ਸੁਆਮੀ ਅਤਿ ਅਗਾਹੁ ਤੂ ਭਰਪੁਰਿ ਰਹਿਆ ਜਲ ਥਲੇ ਹਰਿ ਇਕੁ ਇਕੋ ਇਕ ਏਕੈ ਹਰਿ ਥਾਟ ॥ ਤੂ ਜਾਣਹਿ ਸਭ ਬਿਧਿ ਬੂਝਹਿ ਆਪੇ ਜਨ ਨਾਨਕ ਕੇ ਪ੍ਰਭ ਘਟਿ ਘਟੇ ਘਟਿ ਘਟੇ ਘਟਿ ਹਰਿ ਘਾਟ ॥੨॥੪॥੧੦॥ {ਪੰਨਾ 1297}

ਪਦ ਅਰਥ:- ਸਤਿਗੁਰ ਪਗ—ਗੁਰੂ ਦੇ ਪੈਰ। ਚਾਟਉ—ਚਾਟਉਂ, ਮੈਂ ਚੱਟਦਾ ਹਾਂ, ਮੈਂ ਚੁੰਮਦਾ ਹਾਂ। ਜਿਤੁ ਮਿਲਿ—ਜਿਸ (ਗੁਰੂ) ਨੂੰ ਮਿਲ। ਪਾਧਰ—ਪੱਧਰਾ, ਸਿੱਧਾ। ਹਰਿ ਘਾਟ—ਹਰੀ (ਦੇ ਮਿਲਾਪ) ਦਾ ਰਸਤਾ। ਗਾਟ—ਗਟ ਗਟ ਕਰ ਕੇ। ਹੋ—ਹੇ ਭਾਈ! ਲਿਲਾਟ—ਮੱਥੇ ਉੱਤੇ।1। ਰਹਾਉ।

ਖਟ ਕਰਮ—ਛੇ ਧਾਰਮਿਕ ਕਰਮ। ਕਰਿ—ਕਰ। ਬਿਸਥਾਰ—ਖਿਲਾਰਾ। ਸਿਧ—ਜੋਗ-ਸਾਧਨਾਂ ਵਿਚ ਪੁੱਗੇ ਹੋਏ ਜੋਗੀ। ਸਾਧਿਕ—ਸਾਧਨ ਕਰਨ ਵਾਲੇ। ਕਰਿ ਜਟ ਜਟਾ—ਜਟਾਂ ਧਾਰ ਕੇ। ਭੇਖ—ਧਾਰਮਿਕ ਬਾਣਾ। ਬ੍ਰਹਮ ਜੋਗੁ—ਪਰਮਾਤਮਾ ਦਾ ਮਿਲਾਪ। ਖੋਲਿ ਕਪਾਟ—ਆਪਣੇ ਮਨ ਦੇ ਕਵਾੜ ਖੋਲ੍ਹ ਲੈ।1।

ਅਪਰੰਪਰੁ—ਪਰੇ ਤੋਂ ਪਰੇ। ਅਗਾਹੁ—ਅਥਾਹ, ਬਹੁਤ ਹੀ ਡੂੰਘਾ। ਭਰਪੁਰਿ ਰਹਿਆ—ਸਭ ਥਾਈਂ ਵਿਆਪਕ ਹੈਂ। ਥਾਟ—ਬਣਾਵਟ, ਪੈਦਾਇਸ਼, ਉਤਪੱਤੀ। ਆਪੇ—ਆਪ ਹੀ। ਸਭ ਬਿਧਿ—ਸਾਰੇ ਢੰਗ। ਘਟਿ ਘਟੇ—ਹਰੇਕ ਘਟ ਵਿਚ।2।

ਅਰਥ:- ਹੇ ਭਾਈ! ਜਿਸ ਗੁਰੂ ਨੂੰ ਮਿਲ ਕੇ ਪਰਮਾਤਮਾ ਦੇ ਮਿਲਾਪ ਦਾ ਸਿੱਧਾ ਰਾਹ ਲੱਭ ਪੈਂਦਾ ਹੈ, ਮੈਂ ਉਸ ਗੁਰੂ ਦੇ ਚਰਨ ਚੁੰਮਦਾ ਹਾਂ। ਹੇ ਭਾਈ! (ਤੂੰ ਭੀ ਗੁਰੂ ਦੀ ਸਰਨ ਪੈ ਕੇ) ਪਰਮਾਤਮਾ ਦਾ ਭਜਨ ਕਰਿਆ ਕਰ, ਪਰਮਾਤਮਾ ਦਾ ਨਾਮ-ਜਲ ਗਟ ਗਟ ਕਰ ਕੇ ਪੀਆ ਕਰ। ਤੇਰੇ ਮੱਥੇ ਦੇ ਲੇਖ ਉੱਘੜ ਪੈਣਗੇ।1। ਰਹਾਉ।

ਹੇ ਭਾਈ! (ਪੰਡਿਤਾਂ ਵਾਂਗ ਸ਼ਾਸਤ੍ਰਾਂ ਦੇ ਦੱਸੇ ਹੋਏ) ਛੇ ਕਰਮਾਂ ਦੀ ਕਿਰਿਆ ਕਰ ਕੇ (ਇਹੋ ਜਿਹੇ) ਹੋਰ ਬਥੇਰੇ ਖਿਲਾਰੇ ਕਰ ਕੇ, ਸਿੱਧਾਂ ਜੋਗੀਆਂ ਸਾਧਿਕਾਂ ਵਾਂਗ ਜਟਾਂ ਧਾਰ ਕੇ, ਧਾਰਮਿਕ ਪਹਿਰਾਵੇ ਪਾਣ ਨਾਲ ਪਰਮਾਤਮਾ ਦਾ ਮਿਲਾਪ ਹਾਸਲ ਨਹੀਂ ਕਰ ਸਕੀਦਾ। ਪਰਮਾਤਮਾ ਮਿਲਦਾ ਹੈ ਸਾਧ ਸੰਗਤਿ ਵਿਚ। (ਇਸ ਵਾਸਤੇ, ਹੇ ਭਾਈ!) ਸੰਤ ਜਨਾਂ ਦੀ ਸੰਗਤਿ ਵਿਚ ਰਹਿ ਕੇ ਗੁਰੂ ਦੇ ਉਪਦੇਸ਼ ਨਾਲ ਤੂੰ ਆਪਣੇ ਮਨ ਦੇ ਕਵਾੜ ਖੋਲ੍ਹ।1।

ਹੇ ਪ੍ਰਭੂ! ਹੇ ਮਾਲਕ! ਤੂੰ ਪਰੇ ਤੋਂ ਪਰੇ ਹੈਂ, ਤੂੰ ਬਹੁਤ ਅਥਾਹ ਹੈਂ, ਤੂੰ ਪਾਣੀ ਵਿਚ ਧਰਤੀ ਵਿਚ ਹਰ ਥਾਂ ਵਿਆਪਕ ਹੈਂ। ਹੇ ਹਰੀ! ਇਹ ਸਾਰੀ ਜਗਤ-ਉਤਪੱਤੀ ਸਿਰਫ਼ ਤੇਰੀ ਹੀ ਹੈ। (ਇਸ ਸ੍ਰਿਸ਼ਟੀ ਬਾਰੇ) ਤੂੰ ਸਾਰੇ ਢੰਗ ਜਾਣਦਾ ਹੈਂ, ਤੂੰ ਆਪ ਹੀ ਸਮਝਦਾ ਹੈਂ। ਹੇ ਦਾਸ ਨਾਨਕ ਦੇ ਪ੍ਰਭੂ! ਤੂੰ ਹਰੇਕ ਸਰੀਰ ਵਿਚ ਹਰੇਕ ਸਰੀਰ ਵਿਚ ਮੌਜੂਦ ਹੈਂ।2।4।10।